Vigilance Bureau Punjab

Patwari's assistant nabbed red handed taking bribe

Chandigarh, July 27: State Vigilance Bureau today nabbed a private person working as assistant of Revenue Patwari at revenue halqa Mahru in district Patiala red handed for accepting bribe.

Disclosing this here today a spokesperson of Vigilance Bureau Punjab said Patwari's assistant Jai Singh was caught red handed on the complaint of Mr. Pargat Singh of village Mahru, district Patiala.

Giving details he said the complainant approached the VB and alleged that the patwari Tejinder Singh and private person Jai Singh were demanding bribe of Rs. 20,000/- for mutation of his land and the deal was struck at Rs. 19000/-. The complainant also informed that he had already given Rs. 10000/- to both the accused as first installment.

After verifying his complaint the VB team laid a trap and both the accused assistant was caught red handed for taking Rs. 9000/- as a second installment from the complainant in the presence of two official witnesses. He informed that a case under Prevention of Corruption Act has been registered against both the accused at VB police Patiala and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਪਟਵਾਰੀ ਦਾ ਸਹਾਇਕ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ 27 ਜੁਲਾਈ: ਵਿਜੀਲੈਂਸ ਬਿਓਰੋ ਪੰਜਾਬ ਵੱਲੋਂ ਅੱਜ ਮਾਲ ਹਲਕਾ ਮਾਹੜੂ, ਜਿਲਾ ਪਟਿਆਲਾ ਵਿਖੇ ਤਾਇਨਾਤ ਪਟਵਾਰੀ ਦੇ ਸਹਾਇਕ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦਸਿਆ ਕਿ ਪਟਵਾਰੀ ਤੇਜਿੰਦਰ ਸਿੰਘ ਨਾਲ ਤਾਇਨਾਤ ਪ੍ਰਾਈਵੇਟ ਵਿਅਕਤੀ ਜੈ ਸਿੰਘ, ਜੋ ਉਸ ਦੇ ਸਹਾਇਕ ਵਜੋ ਰੱਖਿਆ ਹੋਇਆ ਸੀ ਨੂੰ ਸ਼ਿਕਾਇਤਕਰਤਾ ਪ੍ਰਗਟ ਸਿੰਘ, ਵਾਸੀ ਮਾਹੜੂ, ਜਿਲਾ ਪਟਿਆਲਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦਸਿਆ ਕਿ ਉਕਤ ਪਟਵਾਰੀ ਅਤੇ ਉਸਦਾ ਸਹਾਇਕ ਜਮੀਨ ਦਾ ਇੰਤਕਾਲ ਦਰਜ਼ ਕਰਨ ਬਦਲੇ 20,000 ਰੁਪਏ ਦੀ ਮੰਗ ਕਰ ਰਿਹਾ ਹੈ ਤੇ ਸੌਦਾ 19000 ਰੁਪਏ ਵਿਚ ਤੈਅ ਹੋਇਆ ਹੈ। ਉਸ ਨੇ ਦੋਸ਼ ਲਾਇਆ ਕਿ ਉਸ ਵਲੋਂ ਪਹਿਲਾਂ ਹੀ 10,000 ਰੁਪਏ ਪਹਿਲੀ ਕਿਸ਼ਤ ਵਜੋਂ ਉਕਤ ਪਟਵਾਰੀ ਅਤੇ ਉਸ ਦੇ ਸਹਾਇਕ ਨੂੰ ਦਿੱਤੇ ਜਾ ਚੁੱਕੇ ਹਨ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਪਟਵਾਰੀ ਦੇ ਸਹਾਇਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂੱਜੀ ਕਿਸ਼ਤ ਦੇ 9,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਹਾਂ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

----------------------